# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 03-03-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਵਿਸ਼ਵ ਜੰਗਲੀ ਜੀਵ ਸੁਰੱਖਿਆ ਦਿਵਸ ਦੇ ਮੌਕੇ 'ਤੇ ਜੂਨਾਗੜ੍ਹ ਜ਼ਿਲ੍ਹੇ ਦੇ ਸਾਸਨ ਗਿਰ ਵਿਖੇ ਜੰਗਲੀ ਜੀਵਨ ਬਾਰੇ ਰਾਸ਼ਟਰੀ ਬੋਰਡ (NBWL) ਦੀ ਸੱਤਵੀਂ ਮੀਟਿੰਗ ਦੀ ਪ੍ਰਧਾਨਗੀ ਕੀਤੀ। ਮੀਟਿੰਗ ਵਿਚ ਚੁਗਿਰਦਾ ਮੰਤਰੀ ਭੂਪੇਂਦਰ ਪਟੇਲ, ਵੱਖ-ਵੱਖ ਰਾਜਾਂ ਦੇ ਮੈਂਬਰ, ਇਸ ਖੇਤਰ ਵਿਚ ਕੰਮ ਕਰ ਰਹੀਆਂ ਗੈਰ ਸਰਕਾਰੀ ਸੰਸਥਾਵਾਂ ਦੇ ਨੁਮਾਇੰਦਿਆਂ, ਮੁੱਖ ਜੰਗਲੀ ਜੀਵ ਵਾਰਡਨ ਅਤੇ ਵੱਖ-ਵੱਖ ਰਾਜਾਂ ਦੇ ਸਕੱਤਰਾਂ ਨੇ ਹਿੱਸਾ ਲਿਆ। ਸ਼੍ਰੀ ਮੋਦੀ ਨੇ ਜੂਨਾਗੜ੍ਹ ਵਿਖੇ National Referral Centre for Wildlife ਦਾ ਨੀਂਹ ਪੱਥਰ ਵੀ ਰੱਖਿਆ ਅਤੇ ਕੋਇੰਬਟੂਰ ਵਿਖੇ  ਏਸ਼ਿਆਈ ਸ਼ੇਰਾਂ ਦੀ ਆਬਾਦੀ ਬਾਰੇ 16ਵੇਂ ਅਨੁਮਾਨ 2025 ਅਤੇ ਮਨੁਖਾਂ ਤੇ ਜੰਗਲੀ ਜੀਵਾਂ ਦਰਮਿਆਨ ਟਕਰਾਅ ਬਾਰੇ ਪ੍ਰਬੰਧ, SACON ਦਾ ਉਦਘਾਟਨ ਕੀਤਾ ।

---------------------------------------------------------

ਪੰਜਾਬ ਦੇ ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਕਿਹਾ ਏ ਕਿ ਸੂਬੇ ਵਿਚ ਸਾਲ 2025-26 ਦੌਰਾਨ 21,00 ਹੈਕਟੇਅਰ ਰਕਬੇ ਨੂੰ ਜੰਗਲਾਤ ਹੇਠ ਲਿਆਉਣ ਦੀ ਤਜਵੀਜ਼ ਏ। ਸਾਲ 2024-25 ਦੌਰਾਨ 1932 ਹੈਕਟੇਅਰ ਖੇਤਰ ਵਿਚ ਬੂਟੇ ਲਗਾਏ ਗਏ ਸਨ। ਮੰਤਰੀ ਨੇ ਕਿਹਾ ਕਿ ਕੇਂਦਰ ਸਰਕਾਰ ਦੀ ਪਨਕੈਂਪਾ ਯੋਜਨਾ ਤਹਿਤ ਸਾਲ 2025-26 ਲਈ ਸਾਲਾਨਾ ਸੰਚਾਲਨ ਯੋਜਨਾ ਨੂੰ ਪੰਜਾਬ ਰਾਜ ਅਥਾਰਟੀ ਦੀ ਸਟੀਅਰਿੰਗ ਕਮੇਟੀ ਦੀ ਪ੍ਰਵਾਨਗੀ ਮਿਲਣ ਤੋਂ ਬਾਅਦ ਅੰਤਿਮ ਪ੍ਰਵਾਨਗੀ ਲਈ ਰਾਸ਼ਟਰੀ ਅਥਾਰਟੀ, ਨਵੀਂ ਦਿੱਲੀ ਨੂੰ ਸੌਂਪ ਦਿੱਤਾ ਗਿਆ ਏ। ਸੂਬਾ ਸਰਕਾਰ ਪੰਜਾਬ ਨੂੰ ਹਰਿਆ-ਭਰਿਆ ਬਣਾਉਣ ਲਈ ਵਚਨਬੱਧ ਏ।

-----------------------------------------------------------

ਕੇਂਦਰੀ ਗ੍ਰਹਿ ਤੇ ਸਹਿਕਾਰਤਾ ਮੰਤਰੀ, ਅਮਿਤ ਸ਼ਾਹ ਨੇ ਅੱਜ ਨਵੀਂ ਦਿੱਲੀ ਵਿੱਚ ਡੇਅਰੀ ਸੈਕਟਰ ਵਿੱਚ ਨਿਰੰਤਰਤਾ ਅਤੇ ਘੱਟ ਤੋਂ ਘੱਟ ਬਰਬਾਦੀ ਬਾਰੇ ਵਰਕਸ਼ਾਪ ਦਾ ਉਦਘਾਟਨ ਕੀਤਾ । ਇਹ ਵਰਕਸ਼ਾਪ ਸਹਿਕਾਰਤਾ ਮੰਤਰਾਲੇ ਅਤੇ ਪਸ਼ੂ ਪਾਲਣ, ਡੇਅਰੀ ਅਤੇ ਮੱਛੀ ਪਾਲਣ ਮੰਤਰਾਲੇ ਦੀਆਂ ਨੀਤੀਆਂ ਅਤੇ ਪਹਿਲਕਦਮੀਆਂ 'ਤੇ ਧਿਆਨ ਕੇਂਦਰਿਤ ਕਰੇਗੀ ਜਿਸ ਦਾ ਉਦੇਸ਼ ਚੁਗਿਰਦੇ ਨੂੰ ਨੁਕਸਾਨ ਪਹੁੰਚਾਏ ਬਿਨਾ, ਆਰਥਿਕ ਵਿਕਾਸ ਨੂੰ ਯਕੀਨੀ ਬਣਾਉਂਦਿਆਂ, ਨਿਰੰਤਰ ਰਹਿਣ ਯੋਗ

ਡੇਅਰੀ ਫਾਰਮਿੰਗ ਨੂੰ ਉਤਸ਼ਾਹਤ ਕਰਨਾ ਏ । ਇਸ ਵਿੱਚ ਨਿਰੰਤਰ ਰਹਿਣ ਯੋਗ ਖਾਦ ਪ੍ਰਬੰਧ ਮਾਡਲਾਂ 'ਤੇ ਤਕਨੀਕੀ ਸੈਸ਼ਨ ਹੋਣਗੇ ਜੋ ਕਿ ਡੇਅਰੀ ਰਹਿੰਦ-ਖੂੰਹਦ ਨੂੰ ਬਾਇਓਗੈਸ, ਕੰਪਰੈੱਸਡ ਬਾਇਓਗੈਸ ਅਤੇ ਜੈਵਿਕ ਖਾਦਾਂ ਵਿਚ ਬਦਲਦੇ ਨੇ।

---------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸੰਯੁਕਤ ਕਿਸਾਨ ਮੋਰਚਾ ਦੇ ਆਗੂਆਂ ਨਾਲ ਮੀਟਿੰਗ ਸੱਦੀ ਏ। ਇਹ ਮੀਟਿੰਗ ਅੱਜ ਸ਼ਾਮ 4 ਵਜੇ ਚੰਡੀਗੜ੍ਹ ਦੇ ਪੰਜਾਬ ਭਵਨ ਵਿਚ ਹੋਵੇਗੀ। ਹਾਲਾਂਕਿ ਕਿਸਾਨ ਆਗੂ ਦੁਪਹਿਰ 12 ਵਜੇ ਤੱਕ ਚੰਡੀਗੜ੍ਹ ਦੇ ਕਿਸਾਨ ਭਵਨ ਵਿਚ ਇਕੱਤਰ ਹੋਣਗੇ, ਜਿਸ ਤੋਂ ਬਾਅਦ ਸ਼ਾਮ ਨੂੰ ਮੁੱਖ ਮੰਤਰੀ ਨੂੰ ਮਿਲਣ ਲਈ ਰਵਾਨਾ ਹੋਣਗੇ। ਜੇਕਰ ਇਸ ਦੁਵੱਲੀ ਮੀਟਿੰਗ ਵਿਚ ਮੰਗਾਂ ਬਾਰੇ ਸਹਿਮਤੀ ਬਣੀ ਤਾਂ ਕਿਸਾਨ ਆਗੂ ਮੀਟਿੰਗ ਤੋਂ ਬਾਅਦ ਆਪਣੀ ਰਣਨੀਤੀ ਵਿਚ ਬਦਲਾਅ ਦਾ ਐਲਾਨ ਕਰਨਗੇ।

---------------------------------------------------------

ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਏ ਕਿ ਸਰਕਾਰ ਨੇ ਵਿਦਿਆਰਥਣਾਂ ਦੀ ਸਮਰੱਥਾ ਅਤੇ ਯੋਗਤਾ ਦਾ ਪਤਾ ਲਾਉਣ ਲਈ ਮਨੋਵਿਗਿਆਨਕ ਟੈਸਟ ਸ਼ੁਰੂ ਕੀਤੇ ਨੇ। ਸਰਕਾਰੀ ਸਕੂਲਾਂ ਵਿਚ ਪੜ੍ਹਦੀਆਂ 10ਵੀਂ ਜਮਾਤ ਦੀਆਂ ਵਿਦਿਆਰਥਣਾਂ ਦੇ ਇਹ ਟੈਸਟ

ਕੀਤੇ ਜਾਣਗੇ। ਇਸ ਨਾਲ ਆਉਂਦੀ 31 ਮਾਰਚ ਤੱਕ 93,000 ਤੋਂ ਵੱਧ ਵਿਦਿਆਰਥਣਾਂ ਨੂੰ ਲਾਭ ਹੋਵੇਗਾ । ਮੰਤਰੀ ਨੇ ਦੱਸਿਆ ਕਿ ਇਸ ਮੰਤਵ ਲਈ ਸੂਬਾਈ ਵਿੱਦਿਅਕ ਖੋਜ ਤੇ ਸਿਖਲਾਈ ਕੌਂਸਲ (ਐੱਸ.ਸੀ.ਈ.ਆਰ.ਟੀ.) ਨੇ 2000 ਕਰੋੜ ਰੁਪਏ ਤੋਂ ਵੱਧ ਦੇ ਫੰਡ ਜਾਰੀ ਕੀਤੇ ਨੇ। ਸਰਕਾਰੀ ਸਕੂਲਾਂ ਵਿਚ 10ਵੀਂ ਜਮਾਤ ਦੀਆਂ ਵਿਦਿਆਰਥਣਾਂ ਦੇ ਸਾਈਕੋਮੈਟ੍ਰਿਕ ਟੈਸਟ ਕਰਵਾਉਣ ਲਈ ਸਾਰੇ ਜ਼ਿਲ੍ਹਿਆਂ ਨੂੰ 6.56 ਕਰੋੜ ਰੁਪਏ ਦਿੱਤੇ ਗਏ ਨੇ।

-------------------------------------------------------

ਪੰਜਾਬ ਦੇ ਬਿਜਲੀ ਤੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਿਹਾ ਏ ਕਿ ਅੱਜ ਦੇ ਡਿਜੀਟਲ ਯੁੱਗ ਵਿਚ ਪਾਵਰ ਗਰਿੱਡਾਂ, ਪਾਣੀ ਸਬੰਧੀ ਪ੍ਰਣਾਲੀਆਂ ਅਤੇ ਆਵਾਜਾਈ ਨੈੱਟਵਰਕ ਸਮੇਤ ਨਾਜ਼ੁਕ ਬੁਨਿਆਦੀ ਢਾਂਚੇ ਲਈ ਪੈਦਾ ਹੋਏ ਸਾਈਬਰ ਖ਼ਤਰਿਆਂ ਦੀਆਂ ਚੁਣੌਤੀਆਂ ਬੇਹੱਦ ਗੰਭੀਰ ਨੇ। ਕੱਲ੍ਹ ਚੰਡੀਗੜ੍ਹ ਵਿਚ ਕਰਵਾਈ 'ਸਾਈਬਰ ਕ੍ਰਾਈਮ, ਫੋਰੈਂਸਿਕ ਅਤੇ ਲਾਅ ਵਰਕਸ਼ਾਪ' ਵਿਚ ਬੋਲਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸਾਈਬਰ ਖ਼ਤਰਿਆਂ ਨਾਲ ਨਜਿੱਠਣ ਲਈ ਕਾਨੂੰਨੀ ਮਾਹਿਰਾਂ, ਤਕਨਾਲੋਜੀ ਮਾਹਿਰਾਂ, ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਅਤੇ ਸਿਵਲ ਸੁਸਾਇਟੀ ਨੂੰ ਸ਼ਾਮਲ ਕਰਨ ਲਈ ਸਹਿਯੋਗ ਭਰਪੂਰ ਪਹੁੰਚ ਦੀ ਲੋੜ ਏ। ਮੰਤਰੀ ਨੇ ਕਾਨੂੰਨੀ ਪੇਸ਼ੇਵਰਾਂ ਨੂੰ ਨਿਆਂਪਾਲਿਕਾ ਤੇ ਕਾਨੂੰਨੀ

ਭਾਈਚਾਰੇ ਲਈ ਸਰਕਾਰੀ ਸਹਾਇਤਾ ਦਾ ਭਰੋਸਾ ਦਿੰਦੇ ਹੋਏ ਡਿਜੀਟਲ ਤਕਨੀਕਾਂ ਵਿਚ ਮੁਹਾਰਤ ਵਿਕਸਿਤ ਕਰਨ ਲਈ ਉਤਸ਼ਾਹਤ ਕੀਤਾ। ਮੰਤਰੀ ਨੇ ਵਿਦਿਆਰਥੀਆਂ ਅਤੇ ਨੌਜਵਾਨ ਪੇਸ਼ੇਵਰਾਂ ਨੂੰ ਸਾਈਬਰ ਸੁਰੱਖਿਆ ਤੇ ਇਸ ਨਾਲ ਸਬੰਧਤ ਕਾਨੂੰਨ ਵਿਚ ਮੁਹਾਰਤ ਹਾਸਲ ਕਰਨ ਦਾ ਸੱਦਾ ਦਿੱਤਾ।

------------------------------------------------

ਪੰਜਾਬ ਵਿਚ ਅੱਜ ਸਵੇਰ ਤੋਂ ਰੁਕ ਰੁਕ ਕੇ ਬਾਰਿਸ਼ ਪੈ ਰਹੀ ਏ। ਮੌਸਮ ਵਿਭਾਗ ਨੇ ਸੂਬੇ ’ਚ ਮੀਂਹ ਪੈਣ ਸਬੰਧੀ ਔਰੇਂਜ ਅਲਰਟ ਜਾਰੀ ਕੀਤਾ ਏ। ਮੀਂਹ ਦੇ ਨਾਲ-ਨਾਲ ਤੇਜ਼ ਹਵਾਵਾਂ ਅਤੇ ਗੜੇਮਾਰ ਦੀ ਵੀ ਸੰਭਾਵਨਾ ਏ। ਮੌਸਮ ਵਿਭਾਗ ਮੁਤਾਬਕ ਅੱਜ ਪੰਜਾਬ ਦੇ 4 ਜ਼ਿਲ੍ਹਿਆਂ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ ਅਤੇ ਸੰਗਰੂਰ ਵਿਚ ਮੀਂਹ ਪੈਣ ਬਾਰੇ ਅਨੁਮਾਨ ਲਾਇਆ ਏ ਜਦਕਿ ਅੰਮ੍ਰਿਤਸਰ, ਤਰਨਤਾਰਨ, ਜਲੰਧਰ, ਕਪੂਰਥਲਾ, ਲੁਧਿਆਣਾ, ਨਵਾਂਸ਼ਹਿਰ, ਐਸ.ਏ.ਐਸ.ਨਗਰ, ਫ਼ਤਿਹਗੜ੍ਹ ਸਾਹਿਬ ਅਤੇ ਪਟਿਆਲਾ ਵਿਚ ਮੀਂਹ ਪੈਣ ਸਬੰਧੀ ਯੈਲੋ ਅਲਰਟ ਜਾਰੀ ਕੀਤਾ ਗਿਆ ਏ।